# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :30-12-2025**

### ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪੰਜਾਬ ਵਿਧਾਨ ਸਭਾ ਨੇ ਅੱਜ ਸਰਬਸੰਮਤੀ ਨਾਲ ਮਨਰੇਗਾ ਦੀ ਥਾਂ, ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਖਿਲਾਫ ਮਤਾ ਪਾਸ ਕਰਦਿਆਂ ਕੇਂਦਰ ਨੂੰ ਮਨਰੇਗਾ ਨੂੰ ਨਾ ਰੋਕਣ ਅਤੇ ਇਸਨੂੰ ਪੁਰਾਣੇ ਰੂਪ ਵਿੱਚ ਦੁਬਾਰਾ ਲਾਗੂ ਕਰਨ ਲਈ ਕਿਹਾ ਏ।

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਸੰਸਦ ਵੱਲੋਂ ਪਾਸ ਕੀਤੇ ਕਾਨੂੰਨ ਖਿਲਾਫ ਰਾਜ ਵਿਧਾਨ ਸਭਾ ਵਿੱਚ ਮਤਾ ਪੇਸ਼ ਕਰਨਾ, ਸੰਘੀ ਢਾਂਚੇ ਦੀ ਭਾਵਨਾ ਦੇ ਖਿਲਾਫ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ -7 ਤਸਕਰਾਂ ਨੂੰ 5 ਕਿਲੋ ਤੋਂ ਵੱਧ ਨਸ਼ੀਲੇ ਪਦਾਰਥ ਤੇ ਇੱਕ ਪਿਸਤੌਲ ਸਮੇਤ ਕੀਤਾ ਗ੍ਰਿਫਤਾਰ ।

- ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸਵੇਰ ਅਤੇ ਰਾਤ ਦੇ ਸਮੇਂ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ।

- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ 5ਵਾਂ ਅਤੇ ਆਖਰੀ twenty-twenty ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ ।

## ਹੁਣ ਖਬਰਾਂ ਵਿਸਥਾਰ ਨਾਲ

ਪੰਜਾਬ ਵਿਧਾਨ ਸਭਾ ਨੇ ਅੱਜ ਇੱਕ ਵਿਸ਼ੇਸ਼ ਇਜਲਾਸ ਵਿਚ ਸਰਬਸੰਮਤੀ ਨਾਲ ਮਨਰੇਗਾ ਦੀ ਥਾਂ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਖਿਲਾਫ ਮਤਾ ਪਾਸ ਕੀਤਾ ਅਤੇ ਕੇਂਦਰ ਨੂੰ ਮਨਰੇਗਾ ਨੂੰ ਨਾ ਰੋਕਣ ਅਤੇ ਇਸਨੂੰ ਪੁਰਾਣੇ ਰੂਪ ਵਿੱਚ ਦੁਬਾਰਾ ਲਾਗੂ ਕਰਨ ਲਈ ਕਿਹਾ ਏ । ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੋਂਧ ਨੇ ਵਿਧਾਨ ਸਭਾ ਦੇ 11ਵੇਂ ਇਜਲਾਸ ਵਿੱਚ ਐਕਟ ਖਿਲਾਫ ਮਤਾ ਪੇਸ਼ ਕੀਤਾ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹੋਰਾਂ ਨੇ ਨਵੇਂ ਐਕਟ ਦੀ ਨਿੰਦਾ ਕੀਤੀ । ਸ੍ਰੀ ਮਾਨ ਨੇ ਕਿਹਾ ਕਿ ਉਹ ਨਵਾਂ ਐਕਟ ਲਿਆਉਣ ਖਿਲਾਫ ਮਤੇ ਦਾ ਸਮਰਥਨ ਕਰਦੇ ਨੇ ਅਤੇ ਕੇਂਦਰ ਨੂੰ ਮਨਰੇਗਾ ਨੂੰ ਨਾ ਬਦਲਣ ਲਈ ਕਿਹਾ।

ਦੂਜੇ ਪਾਸੇ, ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਸੰਸਦ ਵੱਲੋਂ ਪਾਸ ਕੀਤੇ ਕਾਨੂੰਨ ਖਿਲਾਫ ਰਾਜ ਵਿਧਾਨ ਸਭਾ ਵਿੱਚ ਮਤਾ ਪੇਸ਼ ਕਰਨਾ, ਸੰਘੀ ਢਾਂਚੇ ਦੀ ਭਾਵਨਾ ਦੇ ਵਿਰੁੱਧ ਏ । ਸੰਵਿਧਾਨ, ਸੰਸਦ ਨੂੰ ਕਾਨੂੰਨ ਬਣਾਉਣ ਦਾ ਅਧਿਕਾਰ ਦਿੰਦਾ ਏ ਅਤੇ ਇਨ੍ਹਾਂ ਦੀ ਪਾਲਣਾ ਕਰਨਾ ਕੇਂਦਰ ਅਤੇ ਰਾਜ ਸਰਕਾਰਾਂ ਦੋਵਾਂ ਦੀ ਜ਼ਿੰਮੇਵਾਰੀ ਏ । ਸਿਰਫ਼ ਵਿਰੋਧ ਦੀ ਖ਼ਾਤਰ ਵਿਰੋਧ ਕਰਨਾ ਨਾ ਤਾਂ ਲੋਕਤੰਤਰੀ ਏ ਅਤੇ ਨਾ ਹੀ ਸੰਵਿਧਾਨਕ।

BYTE

ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਨੇ ਇਸ ਇਜਲਾਸ ਨੂੰ, ਸਿਰਫ਼ ਮੀਡੀਆ ਸਟੰਟ ਕਰਾਰ ਦਿੱਤਾ ਅਤੇ ਕਿਹਾ ਕਿ ਹੋਰ ਇਜਲਾਸਾਂ ਵਾਂਗ ਇਸ ਦਾ ਪੰਜਾਬੀਆਂ ਨੂੰ ਕੋਈ ਠੋਸ ਲਾਭ ਨਹੀਂ ਹੋਵੇਗਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਬਾਦਲ ਨੇ ਆਮ ਆਦਮੀ ਪਾਰਟੀ ਸਰਕਾਰ ਨੂੰ ਕਿਹਾ ਕਿ ਉਹ ਦੱਸੇ ਕਿ ਉਹ ਝੂਠੇ ਪ੍ਰਚਾਰ ਅਭਿਆਸਾਂ ਵਿੱਚ ਸ਼ਾਮਲ ਹੋਣ ਦੀ ਬਜਾਏ ਵਿਕਸਿਤ ਭਾਰਤ-ਜੀ ਰਾਮ ਜੀ ਲਾਭਪਾਤਰੀਆਂ ਨੂੰ ਲਾਭ ਪਹੁੰਚਾਉਣ ਲਈ ਕੀ ਕਰੇਗੀ। ਉਨ੍ਹਾਂ ਕਿਹਾ ਕਿ ਮਨਰੇਗਾ ਨੂੰ ਪੂਰਾ ਕਰਨ ਦਾ ਇਸਦਾ ਮਾੜਾ ਰਿਕਾਰਡ ਏ - ਗਰੀਬਾਂ ਨੂੰ ਔਸਤਨ ਪ੍ਰਤੀ ਸਾਲ ਸਿਰਫ਼ 25 ਤੋਂ 30 ਦਿਨ ਕੰਮ ਮਿਲਦਾ ਏ, ਜੋ ਕਿ ਦੇਸ਼ ਵਿੱਚ ਸਭ ਤੋਂ ਘੱਟ ਏ ਕਿਉਂਕਿ ਇਹ, ਇਸ

ਯੋਜਨਾ ਲਈ ਰਾਜ ਦੇ ਹਿੱਸੇ ਦਾ 10 ਫੀਸਦੀ ਯੋਗਦਾਨ ਪਾਉਣ ਵਿੱਚ ਅਸਫਲ ਰਹੀ ਏ। ਓਧਰ ਕਾਂਗਰਸ ਨੇਤਾ ਪ੍ਰਗਟ ਸਿੰਘ ਨੇ ਕਿਹਾ ਕਿ ਸਾਨੂ ਸਾਰਿਆਂ ਨੂੰ ਇਸ ਕਾਨੂੰਨ ਦੇ ਖ਼ਿਲਾਫ਼ ਦਿਲੀ ਜਾਣਾ ਚਾਹੀਦਾ ਏ।

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾਈ ਉਪ-ਪ੍ਰਧਾਨ, ਪਰਮਜੀਤ ਸਿੰਘ ਕੈਂਥ ਨੇ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਪਿਛਲੇ 10 ਸਾਲਾਂ ਦੌਰਾਨ ਪੰਜਾਬ ਵਿੱਚ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਪ੍ਰੋਗਰਾਮ ਨੂੰ ਲਾਗੂ ਕਰਨ ਵਿੱਚ ਹੋਈਆਂ ਕਥਿਤ ਬੇਨਿਯਮੀਆਂ 'ਤੇ ਇੱਕ ਵਾਈਟ ਪੇਪਰ ਜਾਰੀ ਕੀਤਾ ਜਾਵੇ, ਅਤੇ ਜਿੱਥੇ ਗਲਤੀ ਪਾਈ ਜਾਂਦੀ ਏ , ਸਪੱਸ਼ਟ ਵਸੂਲੀ ਅਤੇ ਮੁਕੱਦਮਾ ਚਲਾਉਣ ਦੇ ਨਾਲ ਇੱਕ ਸਮਾਂਬੱਧ, ਉੱਚ-ਪੱਧਰੀ ਜਾਂਚ ਦਾ ਹੁਕਮ ਦਿੱਤਾ ਜਾਵੇ।

BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਜੇਕਰ ਸਰਕਾਰ ਸੂਬੇ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਚਰਚਾ ਕਰਦੀ, ਤਾਂ ਬਿਹਤਰ ਹੁੰਦਾ। ਉਨ੍ਹਾਂ ਇਹ ਵੀ ਪੁੱਛਿਆ ਕਿ ਸਰਕਾਰ ਮਨਰੇਗਾ ਵਿੱਚ ਹੋਏ ਭ੍ਰਿਸ਼ਟਾਚਾਰ ਦੀ ਜਾਂਚ ਦੇ ਹੁਕਮ ਕਿਉਂ ਨਹੀਂ ਦੇ ਰਹੀ ਏ। ਸ੍ਰੀ ਜਾਖੜ ਨੇ ਕਿਹਾ ਕਿ ਨਵੀਂ ਜੀ-ਰਾਮ ਜੀ ਯੋਜਨਾ ਵਿੱਚ ਦਿੱਤੇ ਗਏ 100 ਦਿਨਾਂ ਦੀ ਬਜਾਏ 125 ਦਿਨਾਂ ਦਾ ਰੁਜ਼ਗਾਰ ਦੇ ਕੇ ਗਰੀਬਾਂ ਪ੍ਰਤੀ ਆਪਣੀ ਅਸਲ ਚਿੰਤਾ ਸਾਬਤ ਕਰਨ ਦਾ ਮੌਕਾ ਏ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੂੰ, ਕਾਨੂੰਨ ਵਿੱਚ

ਲੋੜੀਂਦੀਆਂ ਸੋਧਾਂ ਕਰਕੇ ਅਜਿਹਾ ਸੰਭਵ ਬਣਾਉਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕਰਨ ਲਈ ਇੱਕ ਮਤਾ ਪਾਸ ਕਰਨਾ ਚਾਹੀਦਾ ਏ।

---------------------------------------------------

ਪੰਜਾਬ ਵਿਧਾਨ ਸਭਾ ਵਿੱਚ ਸਦਨ ਨੇ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫਤਹਿ ਸਿੰਘ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਦਨ ਨੇ ਮਾਤਾ ਗੁਜਰੀ ਜੀ, ਬਾਬਾ ਜੀਵਨ ਸਿੰਘ ਜੀ, ਬਾਬਾ ਸੰਗਤ ਸਿੰਘ ਜੀ ਅਤੇ ਦੀਵਾਨ ਟੋਡਰ ਮੱਲ ਜੀ ਤੇ ਹੋਰ ਸ਼ਹੀਦਾਂ ਨੂੰ ਵੀ ਯਾਦ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਮਹਾਨ ਕੁਰਬਾਨੀਆਂ ਨੇ ਸਾਨੂੰ ਜਬਰ-ਜ਼ੁਲਮ ਅੱਗੇ ਕਦੇ ਵੀ ਈਨ ਨਾ ਮੰਨਣ ਅਤੇ ਹਮੇਸ਼ਾ ਆਪਣੇ ਅਸੂਲਾਂ ’ਤੇ ਪਹਿਰਾ ਦੇਣ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਦੀਆਂ ਮਹਾਨ ਕੁਰਬਾਨੀਆਂ ਸਮੁੱਚੀ ਮਨੁੱਖਤਾ ਦੇ ਇਤਿਹਾਸ ਵਿੱਚ ਵਿਲੱਖਣ ਸਥਾਨ ਰੱਖਦੀਆਂ ਹਨ ਜਿਨ੍ਹਾਂ ਨੂੰ ਛੋਟੀ ਉਮਰ ਵਿੱਚ ਸ਼ਹੀਦ ਤਾਂ ਕਰ ਦਿੱਤਾ ਗਿਆ ਪਰ ਸਦੀਆਂ ਬਾਅਦ ਅੱਜ ਵੀ ਉਨ੍ਹਾਂ ਦੀ ਵਿਚਾਰਧਾਰਾ ਸਾਨੂੰ ਅਸੂਲਾਂ ਖਾਤਰ ਮਰ ਮਿਟਣ ਅਤੇ ਹਕੂਮਤਾਂ ਦੇ ਜ਼ੁਲਮ ਅੱਗੇ ਨਾ ਝੁਕਣ ਦਾ ਸੰਦੇਸ਼ ਦਿੰਦੀ ਏ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮਹਾਨ

ਕੁਰਬਾਨੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਦਮਨ ਤੇ ਅਨਿਆਂ ਵਿਰੁੱਧ ਲੜਨ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ।

---------------------------------------------------------

ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ. ਪਾਟਿਲ ਨੇ ਅੱਜ ਜਲ ਜੀਵਨ ਮਿਸ਼ਨ ਦੇ ਤਹਿਤ, ਕੁਸ਼ਲ ਸੇਵਾ ਪ੍ਰਦਾਨ ਕਰਨ ਅਤੇ ਭਾਈਚਾਰਕ ਭਾਗੀਦਾਰੀ ਨੂੰ ਵਧਾਉਣ ਲਈ, ਜਲ ਸੇਵਾ ਮੁਲਾਂਕਣ ਦੀ ਵਰਚੁਅਲ ਢੰਗ ਨਾਲ ਸ਼ੁਰੂਆਤ ਕੀਤੀ । ਜਲ ਸ਼ਕਤੀ ਮੰਤਰਾਲੇ ਨੇ ਕਿਹਾ ਕਿ ਜਲ ਸੇਵਾ ਮੁਲਾਂਕਣ ਜਲ ਜੀਵਨ ਮਿਸ਼ਨ ਪੋਰਟਲ 'ਤੇ ਗ੍ਰਾਮ ਪੰਚਾਇਤ ਦੀ ਅਗਵਾਈ ਹੇਠ ਪੀਣ ਵਾਲੇ ਪਾਣੀ ਦੀਆਂ ਸੇਵਾਵਾਂ ਲਈ ਇੱਕ ਡਿਜੀਟਲ ਮੁਲਾਂਕਣ ਸਹੂਲਤ ਏ । ਇਸਦਾ ਉਦੇਸ਼ ਪਿੰਡਾਂ ਨੂੰ ਤੀਜੀ-ਧਿਰ ਦੇ ਸਰਵੇਖਣ 'ਤੇ ਨਿਰਭਰ ਕਰਨ ਦੀ ਬਜਾਏ, ਭਾਈਚਾਰਕ ਪੱਧਰ 'ਤੇ ਆਪਣੇ ਜਲ ਸੇਵਾ ਪ੍ਰਣਾਲੀਆਂ ਦਾ ਸਵੈ-ਮੁਲਾਂਕਣ ਕਰਨ ਦੇ ਯੋਗ ਬਣਾਉਣਾ ਏ । ਇਹ ਕੰਮ ਹਰ ਘਰ ਜਲ ਗ੍ਰਾਮ ਪੰਚਾਇਤਾਂ ਰਾਹੀਂ ਅਗਲੇ ਸਾਲ 26 ਜਨਵਰੀ ਤੱਕ ਪੂਰਾ ਹੋਣ ਦੀ ਉਮੀਦ ਏ । ਸ਼੍ਰੀ ਪਾਟਿਲ ਨੇ ਕਿਹਾ ਕਿ ਜਲ ਸੇਵਾ ਮੁਲਾਂਕਣ ਗ੍ਰਾਮ ਪੰਚਾਇਤਾਂ ਨੂੰ ਉਨ੍ਹਾਂ ਦੇ ਜਲ ਸਪਲਾਈ ਪ੍ਰਣਾਲੀਆਂ ਦੇ ਰਖਵਾਲੇ ਬਣਨ ਦਾ ਅਧਿਕਾਰ ਦੇਵੇਗਾ, ਗ੍ਰਾਮ ਸਭਾਵਾਂ ਰਾਹੀਂ ਫੈਸਲਾ ਲੈਣ ਦੀ ਪ੍ਰਕਿਰਿਆ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੇਂਡੂ ਪੀਣ ਵਾਲੇ ਪਾਣੀ ਪ੍ਰਣਾਲੀਆਂ ਦੀ ਲੰਬੇ ਸਮੇਂ

ਦੀ ਸਥਿਰਤਾ ਲਈ ਭਾਈਚਾਰਕ ਭਾਗੀਦਾਰੀ ਅਤੇ ਪਾਰਦਰਸ਼ਤਾ ਜ਼ਰੂਰੀ ਹੈ।

----------------------------------------------------------------

ਸਾਲ 2025 ਨੂੰ ਭਾਰਤ ਦੀ ਵਿਕਾਸ ਯਾਤਰਾ ਦੇ ਇੱਕ ਫੈਸਲਾਕੁੰਨ ਅਧਿਆਇ ਵਜੋਂ ਯਾਦ ਰੱਖਿਆ ਜਾਵੇਗਾ। ਇਸ ਸਾਲ, ਨੀਤੀਆਂ ਨੂੰ ਤਰੱਕੀ ਵਿੱਚ ਬਦਲਿਆ ਗਿਆ ਤੇ ਇਰਾਦਿਆਂ ਨੂੰ ਸਾਕਾਰ ਰੂਪ ਦਿੱਤਾ ਗਿਆ। "ਸੁਧਾਰਾਂ ਦਾ ਸਾਲ" ਵਿਸ਼ੇਸ਼ ਲੜੀ ਵਿੱਚ, ਅੱਜ ਪੇਸ਼ ਏ 2025 ’ਚ ਸੱਭਿਆਚਾਰਕ ਖੇਤਰ ‘ਚ ਦੇਸ਼ ਦੀ ਤਰੱਕੀ ਬਾਰੇ ਇੱਕ ਰਿਪੋਰਟ -

ਇਸ ਸਾਲ, ਭਾਰਤ ਦਾ ਸੱਭਿਆਚਾਰਕ ਪੁਨਰਜਾਗਰਣ ਫ਼ੈਸਲਾਕੁਨ ਤੌਰ 'ਤੇ ਰਾਸ਼ਟਰੀ ਮੁੱਖ ਧਾਰਾ ਵਿੱਚ ਸ਼ਾਮਲ ਹੋ ਗਿਆ ਏ। ਇਸ ਸਾਲ ਦੇਸ਼ ਦੇ ਅਧਿਆਤਮਿਕ ਦ੍ਰਿਸ਼ ਵਿੱਚ ਇੱਕ ਮਹੱਤਵਪੂਰਨ ਪਲ ਸੀ, ਜਦੋਂ ਅਯੁੱਧਿਆ ਵਿੱਚ, ਸ਼੍ਰੀ ਰਾਮ ਜਨਮ ਭੂਮੀ ਮੰਦਰ ਦਾ ਨਿਰਮਾਣ ਪੂਰਾ ਹੋਇਆ। ਨਵੰਬਰ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਮ ਮੰਦਰ ਦੇ ਸਿਖ਼ਰ 'ਤੇ ਭਗਵਾਂ ਝੰਡਾ ਲਹਿਰਾਇਆ। ਇਹ ਸਾਲ ਇਸ ਲਈ ਵੀ ਸ਼ਾਨਦਾਰ ਰਹੇਗਾ ਕਿਉਂਕਿ ਦੀਵਾਲੀ ਨੂੰ ਯੂਨੈਸਕੋ ਦੀ ਮਾਨਵਤਾ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਸੀ। ਇਸੇ ਤਰ੍ਹਾਂ, ਭਾਰਤ ਦੇ ਮਰਾਠਾ ਫੌਜੀ ਦ੍ਰਿਸ਼ਾਂ ਨੂੰ ਯੂਨੈਸਕੋ ਦੀ ਵਿਸ਼ਵ ਵਿਰਾਸਤ ਸੂਚੀ ਵਿੱਚ ਸ਼ਾਮਲ ਕੀਤਾ ਗਿਆ, ਜਿਸ ਨਾਲ ਵਿਸ਼ਵ ਵਿਰਾਸਤ ਸ਼ਕਤੀ ਵਜੋਂ ਦੇਸ਼ ਦੀ ਸਥਿਤੀ ਕਾਫ਼ੀ ਮਜ਼ਬੂਤ ਹੋਈ। ਸਮੂਹਿਕ ਹਿੱਸੇਦਾਰੀ ਦੀ ਭਾਵਨਾ ਨਾਲ, ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨੂੰ ਸਾਲ ਭਰ ਚੱਲਣ ਵਾਲੇ ਜਸ਼ਨ ਵਜੋਂ ਸ਼ੁਰੂ ਕੀਤਾ ਗਿਆ। ਕਰੀਬ ਇੱਕ ਕਰੋੜ ਅੱਠ ਲੱਕ ਤੋਂ ਵੱਧ ਨਾਗਰਿਕਾਂ ਨੇ ਆਪਣੀਆਂ ਪੇਸ਼ਕਾਰੀਆਂ ਰਿਕਾਰਡ ਕੀਤੀਆਂ।

Byte

ਇਸ ਦੌਰਾਨ, 2025 ਵਿੱਚ ਵਿਸ਼ਵਾਸ ਅਤੇ ਸੱਭਿਆਚਾਰਕ ਪ੍ਰਗਟਾਵੇ ਵਿੱਚ ਜਨਤਕ ਹਿੱਸੇਦਾਰੀ ਬੇਮਿਸਾਲ ਪੱਧਰ 'ਤੇ ਪਹੁੰਚ ਗਈ। ਪ੍ਰਯਾਗਰਾਜ ਮਹਾਂਕੁੰਭ ਵਿੱਚ, 66 ਕਰੋੜ ਤੋਂ ਵੱਧ ਤੀਰਥਯਾਤਰੀਆਂ ਨੇ ਹਿੱਸਾ ਲਿਆ, ਜਿਸ ਨੇ ਇੱਕ ਵਿਸ਼ਵਵਿਆਪੀ ਧਾਰਮਿਕ ਇਕੱਠ ਦਾ ਰਿਕਾਰਡ ਕਾਇਮ ਕੀਤਾ। ਕੁੱਲ ਮਿਲਾ ਕੇ, ਇਨ੍ਹਾਂ ਘਟਨਾਕ੍ਰਮਾਂ ਨੇ 2025 ਨੂੰ ਇੱਕ ਅਜਿਹੇ ਸਾਲ ਵਜੋਂ ਦਰਸਾਇਆ ਜਿੱਥੇ ਭਾਰਤੀ ਸਭਿਅਤਾ ਦਾ ਆਤਮ-ਵਿਸ਼ਵਾਸ, ਇੱਕ ਦਾਰਸ਼ਨਿਕ, ਸਮੂਹਿਕ ਅਤੇ ਸਥਾਈ ਪ੍ਰਗਟਾਵੇ ਵਿੱਚ ਬਦਲ ਚੁਕਾ ਏ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

----------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਜੁੜੇ ਇੱਕ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ 7 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ । ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਤੋਂ ਵੱਧ ਹੈਰੋਇਨ, 1 ਕਿਲੋ ਆਈਸ ਅਤੇ ਇੱਕ ਪਿਸਤੌਲ ਬਰਾਮਦ ਕੀਤੀ ਏ । ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਇਹ ਨਸ਼ੀਲਾ ਪਦਾਰਥ ਪਾਕਿਸਤਾਨ ਤੋਂ ਤਸਕਰੀ ਕਰਕੇ ਭਾਰਤ ਲਿਆਂਦਾ ਜਾਂਦਾ ਸੀ ਅਤੇ ਫਿਰ ਸੋਸ਼ਲ ਮੀਡੀਆ ਰਾਹੀਂ ਨਿਰਦੇਸ਼ ਪ੍ਰਾਪਤ ਕਰਦੇ ਸਥਾਨਕ ਮਾਡਿਊਲਾਂ ਦੁਆਰਾ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਵੰਡਿਆ

ਜਾਂਦਾ ਸੀ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਅਤੇ ਗੁਰਦਾਸਪੁਰ ਦੇ ਕੁਝ ਸਰਹੱਦੀ ਇਲਾਕੇ ਇਸ ਤਸਕਰੀ ਲਈ ਵਰਤੇ ਜਾ ਰਹੇ ਸਨ। ਉਨ੍ਹਾਂ ਪਹਿਲਾਂ ਜਸਬੀਰ ਅਤੇ ਜਸਪਾਲ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਤੋਂ ਬਾਅਦ ਜਾਂਚ ਅੱਗੇ ਵਧਾਉਂਦੇ ਹੋਏ ਅਨਮੋਲ, ਹਰਪਿੰਦਰ ਅਤੇ ਤਰੁਣ ਤੇ ਬਾਅਦ ਵਿੱਚ ਦਵਿੰਦਰ ਅਤੇ ਮਨਦੀਪ ਦੀ ਗ੍ਰਿਫਤਾਰੀ ਹੋਈ। ਪੁਲਿਸ ਕਮਿਸ਼ਨਰ ਨੇ ਦੱਸਿਆ।

BYTE:

---------------------------------------------------------------------

ਭਾਰਤੀ ਤਕਨਾਲੋਜੀ ਸੰਸਥਾ-IIT ਰੋਪੜ ਦੇ ਖੋਜਕਾਰਾਂ ਨੇ ਹਾਨੀਕਾਰਕ ਬੈਕਟੀਰੀਆ ਦਾ ਪਤਾ ਲਗਾਉਣ ਲਈ ਇੱਕ ਕ੍ਰਾਂਤੀਕਾਰੀ ਤਕਨੀਕ ਵਿਕਸਿਤ ਕੀਤੀ ਏ । ਆਈ.ਆਈ.ਟੀ ਦੇ ਰਸਾਇਣ ਵਿਗਿਆਨ ਵਿਭਾਗ ਦੇ ਡਾ. ਅਨੁਪਮ ਬੰਦਿ-ਓਪਾਧਿਆਏ ਨੇ ਕਿਹਾ, ਇਹ ਸਫਲਤਾ ਦੇਸ਼ ਭਰ ਦੇ ਹਸਪਤਾਲਾਂ ਵਿੱਚ ਮਰੀਜ਼ਾਂ ਦੇ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਲਿਆ ਸਕਦੀ ਏ । ਅੰਤਰ-ਰਾਸ਼ਟਰੀ ਜਰਨਲ ਨੇਚਰ ਕਮਿਊਨੀਕੇਸ਼ਨਜ਼ ਵਿੱਚ ਪ੍ਰਕਾਸ਼ਿਤ ਇਸ ਕਾਢ ਵਿੱਚ 'ਬੋਰੋਨੋ-ਪੈਪ-ਟਾਈਡਜ਼' ਨਾਮਕ ਸੋਧੇ ਹੋਏ ਅਣੂਆਂ ਦੀ ਵਰਤੋਂ ਕੀਤੀ ਗਈ ਏ , ਜੋ ਮੌਜੂਦਾ ਤਰੀਕਿਆਂ ਦੇ ਮੁਕਾਬਲੇ ਲਗਭਗ 40 ਗੁਣਾ ਜ਼ਿਆਦਾ ਪ੍ਰਭਾਵਸ਼ਾਲੀ ਢੰਗ ਨਾਲ ਬਿਮਾਰੀ ਪੈਦਾ ਕਰਨ ਵਾਲੇ ਬੈਕਟੀਰੀਆ ਦੀ

ਪਛਾਣ ਕਰ ਸਕਦੇ ਹਨ। ਬੈਕਟੀਰੀਅਲ ਸੰਕਰਮਣ ਲੰਬੇ ਸਮੇਂ ਤੋਂ ਡਾਕਟਰਾਂ ਲਈ ਇਲਾਜ ਸੰਬੰਧੀ ਚੁਣੌਤੀ ਰਹੇ ਨੇ , ਜਿਸ ਨਾਲ ਮਰੀਜ਼ਾਂ ਨੂੰ ਜ਼ਿਆਦਾ ਖ਼ਤਰਾ ਹੁੰਦਾ ਏ ।

ਉਨ੍ਹਾਂ ਕਿਹਾ ਕਿ ਪਛਾਣ ਏਜੰਟਾਂ ਦੀ ਸਿਰਫ਼ ਸੂਖਮ ਮਾਤਰਾ ਦੀ ਵਰਤੋਂ ਕਰਕੇ ਵਿਸਤ੍ਰਿਤ ਸਮੇਂ ਲਈ ਉੱਚ ਗੁਣਵੱਤਾ ਵਾਲੀ ਇਮੇਜਿੰਗ ਪ੍ਰਾਪਤ ਕੀਤੀ ਜਾ ਸਕਦੀ ਜੋ ਤਕਨੀਕ ਨੂੰ ਪ੍ਰਭਾਵਸ਼ਾਲੀ ਅਤੇ ਕਿਫ਼ਾਇਤੀ ਦੋਵੇਂ ਬਣਾਉਂਦੀ ਏ ।

---

ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸਵੇਰ ਅਤੇ ਰਾਤ ਦੇ ਸਮੇਂ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ ਏ ।

ਜੰਮੂ-ਕਸ਼ਮੀਰ ਵਿੱਚ ਵੀ ਅੱਜ ਸੰਘਣੀ ਧੁੰਦ ਛਾਈ ਰਹੇਗੀ।

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ ।

---

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ 5ਵਾਂ ਅਤੇ ਆਖਰੀ twenty-twenty ਮੈਚ ਅੱਜ ਤਿਰੂਵਨੰਤਪੁਰਮ ਦੇ ਗ੍ਰੀਨ-ਫੀਲਡ ਅੰਤਰ-ਰਾਸ਼ਟਰੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ । ਇਹ ਮੈਚ ਹੁਨਤੋਂ

ਥੋੜੀ ਦੇਰ ਬਾਅਦ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ, ਲੜੀ ਵਿੱਚ 4-0 ਨਾਲ ਅੱਗੇ ਏ।

---

- ਪੰਜਾਬ ਵਿਧਾਨ ਸਭਾ ਨੇ ਅੱਜ ਸਰਬਸੰਮਤੀ ਨਾਲ ਮਨਰੇਗਾ ਦੀ ਥਾਂ, ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਖਿਲਾਫ ਮਤਾ ਪਾਸ ਕਰਦਿਆਂ ਕੇਂਦਰ ਨੂੰ ਮਨਰੇਗਾ ਨੂੰ ਨਾ ਰੋਕਣ ਅਤੇ ਇਸਨੂੰ ਪੁਰਾਣੇ ਰੂਪ ਵਿੱਚ ਦੁਬਾਰਾ ਲਾਗੂ ਕਰਨ ਲਈ ਕਿਹਾ ਏ।

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਸੰਸਦ ਵੱਲੋਂ ਪਾਸ ਕੀਤੇ ਕਾਨੂੰਨ ਖਿਲਾਫ ਰਾਜ ਵਿਧਾਨ ਸਭਾ ਵਿੱਚ ਮਤਾ ਪੇਸ਼ ਕਰਨਾ, ਸੰਘੀ ਢਾਂਚੇ ਦੀ ਭਾਵਨਾ ਦੇ ਖਿਲਾਫ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ -7 ਤਸਕਰਾਂ ਨੂੰ 5 ਕਿਲੋ ਤੋਂ ਵੱਧ ਨਸ਼ੀਲੇ ਪਦਾਰਥ ਤੇ ਇੱਕ ਪਿਸਤੌਲ ਸਮੇਤ ਕੀਤਾ ਗ੍ਰਿਫਤਾਰ ।

- ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸਵੇਰ ਅਤੇ ਰਾਤ ਦੇ ਸਮੇਂ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ।

- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ 5ਵਾਂ ਅਤੇ ਆਖਰੀ twenty-twenty ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ ।

---

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**